# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 22-01-2025**

- ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਦੇ 10 ਸਾਲ ਪੂਰੇ ਹੋਣ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰਿਆਂ ਨੂੰ ਧੀਆਂ ਦੇ ਅਧਿਕਾਰਾਂ ਦੀ ਰਾਖੀ ਕਰਦੇ ਰਹਿਣ ਅਤੇ ਉਨ੍ਹਾਂ ਦੀ ਸਿੱਖਿਆ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ ਏ।
- ਕੇਂਦਰੀ ਮੰਤਰੀ ਮੰਡਲ ਨੇ ਰਾਸ਼ਟਰੀ ਸਿਹਤ ਮਿਸ਼ਨ ਨੂੰ ਦੋ ਹੋਰ ਸਾਲਾਂ ਲਈ ਲਾਗੂ ਕਰਨ ਦਾ ਫੈਸਲਾ ਕੀਤਾ ਏ।
- 26 ਜਨਵਰੀ ਨੂੰ ਗਣਤੰਤਰ ਦਿਵਸ ਦੇ ਮੱਦੇਨਜ਼ਰ ਸੂਬੇ ਭਰ ‘ਚ ਮਜ਼ਬੂਤ ਸੁਰਖਿਆ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਨੇ।
- ਕ੍ਰਿਕਟ ਵਿਚ, ਪੰਜ ਟਵੰਟੀ-ਟਵੰਟੀ ਮੈਚਾਂ ਦੀ ਲੜੀ ਦੇ ਪਹਿਲੇ ਮੈਚ ਵਿੱਚ, ਅੱਜ ਭਾਰਤ ਦਾ ਮੁਕਾਬਲਾ ਇੰਗਲੈਂਡ ਨਾਲ ਹੋਵੇਗਾ।

---------------------------------------------

ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਦੇ 10 ਸਾਲ ਪੂਰੇ ਹੋਣ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਇਹ ਮੁਹਿੰਮ ਇੱਕ ਪਰਿਵਰਤਨਸ਼ੀਲ ਤੇ ਲੋਕਾਂ ਵੱਲੋਂ ਸੰਚਾਲਿਤ ਪਹਿਲਕਦਮੀ ਬਣ ਗਈ ਏ ਅਤੇ ਇਸ ਵਿਚ ਜੀਵਨ ਦੇ ਸਾਰੇ ਖੇਤਰਾਂ ਦੇ ਲੋਕਾਂ ਦੀ ਸ਼ਮੂਲੀਅਤ ਹੋਈ ਏ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ, ਇਹ ਲਿੰਗਕ ਨਾ - ਬਰਾਬਰੀ ਨੂੰ ਦੂਰ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਏ ਅਤੇ ਇਸਨੇ ਇਹ ਪੱਕਾ ਕਰਨ ਲਈ ਢੁਕਵਾਂ ਮਾਹੌਲ ਤਿਆਰ ਕੀਤਾ ਏ ਕਿ ਬੱਚੀਆਂ ਨੂੰ ਸਿੱਖਿਆ ਅਤੇ ਓਹਨਾਂ ਦੇ ਸੁਪਨਿਆਂ ਨੂੰ ਪ੍ਰਾਪਤ ਕਰਨ ਦੇ ਮੌਕੇ ਮਿਲਣ. ਪ੍ਰਧਾਨ ਮੰਤਰੀ ਨੇ ਕਿਹਾ ਕਿ ਇਤਿਹਾਸਕ ਤੌਰ 'ਤੇ ਘੱਟ ਬਾਲ-ਲਿੰਗ ਅਨੁਪਾਤ ਵਾਲੇ ਜ਼ਿਲ੍ਹਿਆਂ ਵਿੱਚ ਅਹਿਮ ਸੁਧਾਰ ਹੋਏ ਨੇ. ਓਹਨਾਂ ਅੱਗੇ ਕਿਹਾ ਕਿ ਜਾਗਰੂਕਤਾ ਮੁਹਿੰਮਾਂ ਨੇ ਲਿੰਗ ਸਮਾਨਤਾ ਦੀ ਅਹਿਮੀਅਤ ਦੀ ਡੂੰਘੀ ਭਾਵਨਾ ਪੈਦਾ ਕੀਤੀ ਏ। ਉਨ੍ਹਾਂ ਨੇ ਇਸ ਠੋਸ ਪ੍ਰਾਪਤੀ ਲਈ ਲੋਕਾਂ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਮਰਪਿਤ ਯਤਨਾਂ ਦਾ ਧੰਨਵਾਦ ਕੀਤਾ। ਉਨ੍ਹਾਂ, ਸਾਰੇ ਹਿੱਸੇਦਾਰਾਂ ਦੀ ਵੀ

ਸ਼ਲਾਘਾ ਕੀਤੀ ਜਿਨ੍ਹਾਂ ਨੇ ਜ਼ਮੀਨੀ ਪੱਧਰ 'ਤੇ ਇਸ ਲਹਿਰ ਨੂੰ ਜੀਵੰਤ ਬਣਾਇਆ। ਸ੍ਰੀ ਮੋਦੀ ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਧੀਆਂ ਦੇ ਅਧਿਕਾਰਾਂ ਦੀ ਰਾਖੀ ਕਰਦੇ ਰਹਿਣ, ਉਨ੍ਹਾਂ ਦੀ ਸਿੱਖਿਆ ਨੂੰ ਯਕੀਨੀ ਬਣਾਉਣ ਅਤੇ ਇੱਕ ਅਜਿਹਾ ਸਮਾਜ ਸਿਰਜਣ, ਜਿੱਥੇ ਉਹ ਬਿਨਾਂ ਭੇਦਭਾਵ ਦੇ ਤਰੱਕੀ ਕਰ ਸਕਣ।

------------------------------------------------------------

ਕੇਂਦਰੀ ਮੰਤਰੀ ਮੰਡਲ ਨੇ ਰਾਸ਼ਟਰੀ ਸਿਹਤ ਮਿਸ਼ਨ ਤਹਿਤ ਹਾਸਲ ਕੀਤੀ ਗਈ ਪ੍ਰਗਤੀ ਦੀ ਸਮੀਖਿਆ ਕੀਤੀ ਏ। ਕੇਂਦਰੀ ਵਪਾਰ ਅਤੇ ਸਨਅਤ ਮੰਤਰੀ ਪੀਯੂਸ਼ ਗੋਇਲ ਨੇ ਅੱਜ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਕੈਬਨਿਟ ਦੇ ਫੈਸਲਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਕੇਂਦਰੀ ਮੰਤਰੀ ਮੰਡਲ ਨੇ ਪਹਿਲਾਂ ਕੀਤੇ ਗਏ ਫੈਸਲੇ ਅਨੁਸਾਰ ਇਸ ਨੂੰ ਹੋਰ ਦੋ ਸਾਲਾਂ ਲਈ ਲਾਗੂ ਕਰਨ ਦਾ ਫੈਸਲਾ ਕੀਤਾ ਏ. 2021 ਵਿੱਚ, ਕੇਂਦਰੀ ਮੰਤਰੀ ਮੰਡਲ ਨੇ ਰਾਸ਼ਟਰੀ ਸਿਹਤ ਮਿਸ਼ਨ ਨੂੰ ਪੰਜ ਸਾਲ ਲਈ 2026 ਤੱਕ ਵਧਾ ਦਿੱਤਾ ਸੀ-

**BYTE -**

ਸਰਕਾਰ ਨੇ ਮੰਡੀ ਰੁਤ 2025-26 ਲਈ ਕੱਚੇ ਪਟਸਨ ਲਈ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਦਾ ਫੈਸਲਾ ਕੀਤਾ ਏ। ਕੱਚੇ ਜੂਟ ਲਈ ਪੰਜ ਹਜ਼ਾਰ 650 ਰੁਪਏ ਪ੍ਰਤੀ ਕੁਇੰਟਲ ਦੀ MSP  ਪ੍ਰਦਾਨ ਕੀਤੀ ਜਾਵੇਗੀ ਜੋ ਪਿਛਲੀ ਮੰਡੀ ਰੁਤ 2024-25 ਦੇ ਮੁਕਾਬਲੇ 315 ਰੁਪਏ ਵੱਧ ਏ। ਉਨ੍ਹਾਂ ਕਿਹਾ ਕਿ, ਇਸ ਨਾਲ ਜੂਟ ਸਨਅਤ 'ਤੇ ਸਿੱਧੇ ਜਾਂ ਅਸਿੱਧੇ ਤੌਰ 'ਤੇ ਨਿਰਭਰ 40 ਲੱਖ ਕਿਸਾਨ ਪਰਿਵਾਰਾਂ ਦੀ ਮਦਦ ਹੋਵੇਗੀ।

---------------------------------------------------------------

ਪੰਜਾਬ ਕੈਬਿਨੇਟ ਮੰਤਰੀ, ਗੁਰਮੀਤ ਸਿੰਘ ਖੁੱਡੀਆਂ ਦਾ ਕਹਿਣਾ ਏ ਕਿ ਕਿਸਾਨਾਂ ਨੂੰ ਆਪਣੀ ਆਮਦਨ ਵਧਾਉਣ ਲਈ ਰਿਵਾਇਤੀ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਅਤੇ ਆਯੂਰਵੈਦ ਤੇ ਮੈਡੀਕਲ ਵਿੱਚ ਵਰਤੀਆਂ ਜਾਣ ਵਾਲੀਆਂ  ਜੜ੍ਹੀ ਬੂਟੀਆਂ ਆਦਿ ਦੀ ਖੇਤੀ ਵੀ ਕਰਨੀ ਚਾਹੀਦੀ ਏ। ਇਸ ਨਾਲ ਜਿਥੇ ਸਾਨੂੰ ਇਹ ਉਤਪਾਦ ਆਪਣੇ ਵਾਸਤੇ ਉਪਲੱਬਧ ਹੋਣਗੇ ਉਥੇ ਹੀ ਸਾਡੀ ਆਮਦਨ ਵਿੱਚ ਵੀ ਵਾਧਾ ਹੋਵੇਗਾ। ਕੈਬਿਨੇਟ ਮੰਤਰੀ ਨੇ ਅਸ਼ਵਗੰਧਾ 'ਤੇ ਰਾਸ਼ਟਰੀ ਮੁਹਿੰਮ ਤਹਿਤ ਗੁਰੂ ਗੋਬਿੰਦ ਸਿੰਘ ਮੈਡੀਕਲ

ਕਾਲਜ ਦੇ ਆਡੀਟੋਰੀਅਮ  ਵਿਖੇ ਕਰਵਾਏ ਗਏ ਰਾਜ ਪਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ. ਉਨ੍ਹਾਂ ਕਿਹਾ ਕਿ ਖੇਤੀਬਾੜੀ ਨੂੰ ਸੁਧਾਰਨ ਲਈ ਜਿਥੇ ਸਰਕਾਰ ਦਾ ਤੇ ਵਿਗਿਆਨੀਆਂ ਦਾ ਫਰਜ਼ ਬਣਦਾ ਏ ਉਥੇ ਹੀ ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਅਸੀਂ ਉਨ੍ਹਾਂ ਰਸਤਿਆਂ ਤੇ ਚੱਲੀਏ ਜਿਸ ਨਾਲ ਸਾਡਾ ਜੀਵਨ ਸੁਖਾਲਾ ਹੋ ਸਕੇ ।ਉਨ੍ਹਾਂ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਕਈ ਟਰੇਨਿੰਗਾਂ ਕਰਵਾਈਆਂ ਜਾ ਰਹੀਆਂ ਨੇ. ਜੇਕਰ ਕੋਈ ਗੋਟ ਫਾਰਮ ਬਣਾਉਂਦਾ ਏ ਤਾਂ ਉਸ ਨੂੰ ਚੰਗੀ ਆਮਦਨ ਹੋ ਸਕਦੀ ਏ । ਉਨ੍ਹਾਂ ਕਿਹਾ ਕਿ ਪਸ਼ੂਆਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਵੈਕਸੀਨੇਸ਼ਨ, ਬੀਮੇ ਅਤੇ ਡੇਅਰੀ ਉਤਪਾਦ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਏ ।ਇਸ ਮੌਕੇ ਕੈਬਨਿਟ ਮੰਤਰੀ ਖੁੱਡੀਆ ਨੇ ਆਯੂਸ਼ ਮੰਤਰਾਲੇ ਵੱਲੋਂ ਅਸ਼ਵਗੰਧਾ ਦੀ ਕਾਸ਼ਤ ਅਤੇ ਮਹੱਤਤਾ ਬਾਰੇ ਕਿਤਾਬਚਾ ਵੀ ਰਿਲੀਜ ਕੀਤਾ ਗਿਆ।

---------------------------------------------------------

26 ਜਨਵਰੀ ਨੂੰ ਗਣਤੰਤਰਤਾ ਦਿਵਸ ਦੇ ਮੱਦੇਨਜ਼ਰ ਪੰਜਾਬ ਪੁਲਿਸ ਵੱਲੋਂ ਪੂਰੇ ਪੰਜਾਬ ਵਿੱਚ ਨਾਕੇਬੰਦੀ ਕਰਕੇ ਸਖਤੀ ਨਾਲ ਤਲਾਸ਼ੀ ਮੁਹਿੰਮਾਂ

ਚਲਾਈਆਂ ਜਾ ਰਹੀਆਂ ਨੇ ਤਾਂ ਜੋ ਕਿ ਪੂਰੇ ਪੰਜਾਬ ਵਿੱਚ ਕਿਧਰੇ ਵੀ ਕੋਈ ਅਨਸੁਖਾਵੀ ਘਟਨਾ ਨਾ ਵਾਪਰੇ. ਦੂਜੇ ਪਾਸੇ ਏਡੀਜੀਪੀ ਕਾਨੂੰਨ ਵਿਵਸਥਾ ਸੁਰਿੰਦਰ ਪਾਲ ਸਿੰਘ ਪਰਮਾਰ ਅੱਜ ਅੰਮ੍ਰਿਤਸਰ ਪਹੁੰਚੇ ਜਿੱਥੇ ਉਹਨਾਂ ਨੇ ਪੁਲਿਸ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਸੁਰੱਖਿਆ ਦਾ ਜਾਇਜ਼ਾ ਲਿਆ. ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ SSP ਪਰਮਾਰ ਨੇ ਕਿਹਾ ਕਿ 26 ਜਨਵਰੀ ਗਣਤੰਤਰ ਦਿਵਸ ਦੇ ਮੌਕੇ ਪੂਰੇ ਪੰਜਾਬ ਵਿੱਚ ਵੱਡੀ ਗਿਣਤੀ ਵਿੱਚ ਪੁਲਿਸ ਬਲ ਤੈਨਾਤ ਕੀਤਾ ਗਿਆ ਏ. ਪੰਜਾਬ ਦੀ ਸੁਰੱਖਿਆ ਦੇ ਮੱਦੇਨਜ਼ਰ ਵੱਖ-ਵੱਖ ਪੁਲਿਸ ਦੀਆਂ ਟੀਮਾਂ ਪੂਰੇ ਪੰਜਾਬ ਵਿੱਚ ਲਗਾਈਆਂ ਗਈਆਂ ਨੇ. ਉਹਨਾਂ ਕਿਹਾ ਕਿ ਜੋ ਪਿਛਲੇ ਸਮੇਂ ਦੌਰਾਨ ਪੁਲਿਸ ਸਟੇਸ਼ਨਾਂ ਦੇ ਵਿੱਚ ਧਮਾਕਿਆਂ ਦੀ ਖਬਰ ਸਾਹਮਣੇ ਆਈ ਸੀ ਵਿੱਚ ਪੁਲਿਸ ਨੇ ਸਾਰੇ ਹੀ ਮੁਲਜ਼ਮ ਗ੍ਰਿਫਤਾਰ ਕਰ ਲਏ ਗਏ ਨੇ. ਉਹਨਾਂ ਕਿਹਾ ਕਿ ਸ਼ਰਾਰਤੀ ਅਨਸਰ 26 ਜਨਵਰੀ ਜਾਂ 15 ਅਗਸਤ ਮੌਕੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਨ ਲਈ ਅਫਵਾਵਾਂ ਫੈਲਾਉਂਦੇ ਨੇ ਅਤੇ ਅਜਿਹੀਆਂ ਅਫਵਾਵਾਂ ਤੋਂ

ਡਰਨ ਦੀ ਲੋੜ ਨਹੀਂ ਏ ਅਤੇ ਪੁਲਿਸ ਹਰ ਪਾਸੇ ਤੈਨਾਤ ਏ ਤੇ ਪੁਲਿਸ ਵੱਲੋਂ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਏਗੀ।

---------------------------------------------------------------

ਨੈਸ਼ਨਲ ਕੈਡਿਟ ਕੋਰ ਅਕੈਡਮੀ, ਰੂਪਨਗਰ ਵਿਖੇ 2 ਬਟਾਲੀਅਨ ਐੱਨ. ਸੀ. ਸੀ. ਦਾ 10 ਰੋਜ਼ਾ ਸਾਲਾਨਾ ਸਿਖਲਾਈ ਕੈਂਪ ਸ਼ੁਰੂ ਹੋ ਗਿਆ ਏ। ਇਸ ਕੈਂਪ ਵਿਚ ਸੀਨੀਅਰ ਅਤੇ ਜੂਨੀਅਰ ਡਵੀਜ਼ਨ ਦੇ 243 ਕੈਡਿਟਸ ਹਿੱਸਾ ਲੈ ਰਹੇ ਨੇ ਅਤੇ ਕੈਂਪ ਦਾ ਉਦਘਾਟਨ ਕੈਂਪ ਕਮਾਂਡੈਂਟ ਕਰਨਲ ਪਰਮਜੀਤ ਸਿੰਘ ਵੀ.ਐੱਸ.ਐੱਮ. ਨੇ ਕੀਤਾ। ਇਸ ਕੈਂਪ ਦੌਰਾਨ ਵੱਖ-ਵੱਖ ਸਿਖਲਾਈ ਗਤੀਵਿਧੀਆਂ ਸੰਬੰਧੀ ਜਾਣਕਾਰੀ ਦਿੰਦਿਆਂ ਕਰਨਲ ਪਰਮਜੀਤ ਸਿੰਘ ਨੇ ਦੱਸਿਆ ਕਿ ਕੈਡਿਟਸ ਨੂੰ ਤਜ਼ਰਬੇਕਾਰ ਅਧਿਕਾਰੀਆਂ ਵਲੋਂ ਹਥਿਆਰਾਂ ਦੀ ਟ੍ਰੇਨਿੰਗ, ਫਾਇਰਿੰਗ ਡਰਿੱਲ, ਸਰੀਰਕ ਸਿਖਲਾਈ ਅਤੇ ਫ਼ੌਜ ਨਾਲ ਸਬੰਧਿਤ ਹੋਰ ਵਿਸ਼ਿਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

---------------------------------------------------------------

ਸੌ ਦਿਨਾਂ ਤਪਦਿਕ ਮੁਕਤ ਮੁਹਿੰਮ ਤਹਿਤ ਜਲੰਧਰ'ਚ ਜ਼ਿਲ੍ਹਾ ਰੈੱਡ

ਕਰਾਸ ਸੁਸਾਇਟੀ ਅਤੇ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ ਸਥਾਨਕ, ਗਾਂਧੀ ਵਨੀਤਾ ਆਸ਼ਰਮ ਵਿਖੇ ਮੈਡੀਕਲ ਚੈੱਕਅਪ ਅਤੇ ਸਕਰੀਨਿੰਗ ਕੈਂਪ ਲਾਇਆ ਗਿਆ, ਜਿਸ ਦਾ ਕਰੀਬ 250 ਕੁੜੀਆਂ ਅਤੇ ਵਿਧਵਾ ਔਰਤਾਂ ਨੇ ਲਾਭ ਲਿਆ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ, ਜਿਨ੍ਹਾਂ ਕੋਲ ਸਕੱਤਰ ਰੈੱਡ ਕਾਰਸ ਸੁਸਾਇਟੀ ਦਾ ਵੀ ਚਾਰਜ ਏ, ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਤਪਦਿਕ ਸਬੰਧੀ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣਾ ਏ ਤਾਂ ਜੋ ਪੀੜਤਾਂ ਦੀ ਪਛਾਣ ਕਰਕੇ ਉਨ੍ਹਾਂ ਦਾ ਇਲਾਜ ਯਕੀਨੀ ਬਣਾਇਆ ਜਾ ਸਕੇ। ਜ਼ਿਲ੍ਹਾ ਤਪਦਿਕ ਅਫ਼ਸਰ ਡਾ. ਰਿਤੂ ਨੇ ਦੱਸਿਆ ਕਿ ਤਪਦਿਕ ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਏ ਅਤੇ ਇਲਾਜ ਦੌਰਾਨ ਮਰੀਜ਼ ਨੂੰ ਸਰਕਾਰ ਵੱਲੋਂ ਮਾਲੀ ਮਦਦ ਵੀ ਦਿੱਤੀ ਜਾਂਦੀ ਏ । ਕੈਂਪ ਵਿੱਚ ਤਪਦਿਕ ਦੇ ਸ਼ੱਕੀ ਮਰੀਜ਼ਾਂ ਦੀ ਸਕਰੀਨਿੰਗ ਤੇ ਐਕਸਰੇ ਤੋਂ ਇਲਾਵਾ ਐਚ.ਆਈ.ਵੀ.ਟੈਸਟ, ਬਲੱਡ ਪ੍ਰੈਸ਼ਰ ਤੇ ਸ਼ੂਗਰ ਦੀ ਜਾਂਚ ਵੀ ਕੀਤੀ ਗਈ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।

---

ਚਾਈਨਾ ਡੋਰ ਖਿਲਾਫ ਸਖਤੀ ਦੇ ਬਾਵਜੂਦ ਵੀ ਇਸ ਨੂੰ ਵੇਚਣ ਵਾਲਿਆਂ ਖਿਲਾਫ ਪੁਲਿਸ ਨੇ ਸਿਕੰਜਾ ਕਸਦਿਆਂ ਥਾਣਾ ਬੱਸੀ ਵਿਖੇ  ਅੱਜ ਇੱਕ ਵਿਅਕਤੀ ਨੂੰ ਚਾਈਨਾ ਡੋਰ ਦੇ ਨਾਲ ਫੜਿਆ ਏ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬੱਸੀ ਪਠਾਣਾ ਦੇ ਇੰਚਾਰਜ ਸੁਰੇਸ਼ ਕੁਮਾਰ ਨੇ ਦੱਸਿਆ ਕਿ ਉਹਨਾਂ ਨੂੰ ਸੂਚਨਾ ਮਿਲੀ ਸੀ ਕਿ ਇੱਕ ਵਿਅਕਤੀ ਦੇ ਵੱਲੋਂ ਚਾਈਨਾ ਡੋਰ ਆਪਣੇ ਘਰ ਵਿੱਚ ਵੇਚੀ ਜਾ ਰਹੀ ਏ. ਉਹਨਾਂ ਵੱਲੋਂ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਚਾਈਨਾ ਡੋਰ ਵੇਚਣ ਵਾਲਿਆਂ ਦੀ ਤਲਾਸ਼ੀ ਲਈ ਗਈ। ਉਹਨਾਂ ਦੱਸਿਆ ਕਿ ਗੁਪਤ ਸੂਚਨਾ ‘ਤੇ ਕਾਰਵਾਈ ਕਰਦਿਆਂ ਇੱਕ ਵਿਅਕਤੀ ਕੋਲੋਂ 7 ਗੁੱਟ ਚਾਈਨਾ ਡੋਰ ਬਰਾਮਦ ਕਰਕੇ ਉਕਤ ਵਿਅਕਤੀ ਨੂੰ ਗ੍ਰਿਫਤਾਰ ਕਰ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਏ ।

---

ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ’ਚ ਅਗਲੇ 48 ਘੰਟਿਆਂ’ਚ ਮੌਸਮ’ਚ ਬਦਲਾਅ ਦੀ ਪੇਸ਼ੀਨਗੋਈ ਕੀਤੀ ਏ। ਇਸ ਬਾਰੇ ਚੰਡੀਗੜ੍ਹ

ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ –

BYTE –

---------------------------------------------------------------

ਕ੍ਰਿਕਟ ਵਿਚ, ਪੰਜ ਟਵੰਟੀ-ਟਵੰਟੀ ਮੈਚਾਂ ਦੀ ਲੜੀ ਦੇ ਪਹਿਲੇ ਮੈਚ ਵਿੱਚ, ਅੱਜ ਭਾਰਤ ਦਾ ਮੁਕਾਬਲਾ ਇੰਗਲੈਂਡ ਨਾਲ ਹੋਵੇਗਾ। ਮੈਚ ਸ਼ਾਮ 7 ਵਜੇ ਕੋਲਕਾਤਾ ਦੇ Eden Gardens ਵਿੱਚ ਸ਼ੁਰੂ ਹੋਵੇਗਾ। ਭਾਰਤ ਇਸ ਲੜੀ 'ਚ ਇੰਗਲੈਂਡ ਖਿਲਾਫ ਪੰਜ TWENTY-20 ਅਤੇ ਤਿੰਨ ਇੱਕ ਰੋਜ਼ਾ ਮੈਚ ਖੇਡੇਗਾ। ਲੜੀ ਦੇ ਚਾਰ ਹੋਰ TWENTY-20 ਮੈਚ ਚੇਨਈ, ਰਾਜਕੋਟ, ਪੁਣੇ ਅਤੇ ਮੁੰਬਈ ਵਿੱਚ ਹੋਣਗੇ। ਇੱਕ ਰੋਜ਼ਾ ਮੈਚ, 6 ਫਰਵਰੀ ਤੋਂ ਸ਼ੁਰੂ ਹੋਣਗੇ।